ਪੰਜਾਬ ਸਟੇਟ ਪਾਵਰ ਕਾਰਪੋ.ਲਿਮ.
(ਦਫਤਰ ਚੀਫ/ਆਈ.ਆਰ ਅਤੇ ਭਲਾਈ (ਭਲਾਈ ਭਾਗ ),ਪਟਿਆਲਾ)

ਵੱਲ

ਸਾਰੇ ਜਨਰਲ ਮੈਨੇਜਰ,
ਇਜੀ: ਇੰਨ ਚੀਫ/ਮੁੱਖ ਇੰਜੀਨੀਅਰ/ਵਿਭਾਗਾਂ ਦੇ ਮੁੱਖੀ
ਪੀਐਸਪੀਸੀਐਲ ਅਤੇ ਪੀਐਸਟੀਸੀਐਲ।

ਮੀਮੋ ਨੰ :1836/70 / ਭਭ-1-422 ਮਿਤੀ : 12.2.13

ਵਿਸ਼ਾ:- ਪੀਐਸਪੀਸੀਐਲ ਅਤੇ ਪੀਐਸਟੀਸੀਐਲ ਦੀਆਂ ਕੁਝ ਮੁਲਾਜ਼ਮ ਜਥੇਬੰਦੀਆਂ ਵੱਲੋਂ ਮਿਤੀ 20-2-13 ਅਤੇ 21-2-13 ਨੂੰ ਦੋ ਰੋਜ਼ਾ ਹੜਤਾਲ ਕਰਨ ਬਾਰੇ ਨੋਟਿਸ।

ਕੇਂਦਰੀ ਟਰੇਡ ਯੂਨੀਅਨ ਦੇ ਸੱਦੇ ਤੇ ਪੀਐਸਪੀਸੀਐਲ/ਪੀਐਸਟੀਸੀਐਲ ਦੀਆਂ ਕੁਝ ਮੁਲਾਜ਼ਮ ਜੱਥੇਬੰਦੀਆਂ ਜਿਵੇਂ ਕਿ ਟੈਕਨੀਕਲ ਸਰਵਿਸਜ਼ ਯੂਨੀਅਨ ਪੀਐਸਈਬੀ,ਪੀ.ਐਸ.ਈ.ਬੀ ਇੰਪ:ਫੈਡਰੇਸ਼ਨ (ਭਾਰਦਵਾਜ),ਐਮ.ਐਸ.ਯੂ., ਪੀ.ਐਸ.ਈ.ਬੀ. ਪੰਜਾਬ ਰਾਜ ਬਿਜਲੀ ਮਜਦੂਰ ਸੰਘ, ਪੰਜਾਬ ਵਰਕਰਜ਼ ਫੈਡਰੇਸ਼ਨ (ਇੰਟਕ),ਟੈਕਨੀਕਲ ਸਰਵਿਸਜ਼ ਯੂਨੀਅਨ ਜਿਸਦੇ ਪ੍ਰਧਾਨ ਸ੍ਰੀ ਸੁਖਵੰਤ ਸਿੰਘ ਸੇਖੋਂ ਹਨ ਅਤੇ ਪੀਐਸਈਬੀ ਇੰਪ:ਫੈਡਰੇਸ਼ਨ ਏਟਕ ਪੰਜਾਬ ਰਜਿ:ਨੰ:41, ਵਲੋਂ ਕੇਂਦਰ ਦੀਆਂ ਆਰਥਿਕ ਸਨਅਤੀ ਨੀਤੀਆਂ ਅਤੇ ਆਪਣੀਆਂ ਮੰਗਾਂ ਨੂੰ ਲੈਕੇ ਹੇਠ ਅਨੁਸਾਰ ਐਜੀਟੇਸ਼ਨ/ਹੜਤਾਲ ਕਰਨ ਦਾ ਪ੍ਰੋਗਰਾਮ ਉਲੀਕਿਆ ਹੈ:-

ਪ੍ਰੋਗਰਾਮ

| ਕ੍ਰਮ ਨੰ: | ਯੂਨੀਅਨ ਦਾ ਨਾਂ | ਪ੍ਰੋਗਰਾਮ |
|---|---|---|
| 1. i)<br>ii)<br>iii)<br>iv) | ਟੈਕਨੀਕਲ ਸਰਵਿਸਜ਼ ਯੂਨੀਅਨ<br>ਮਨਿਸਟੀਰੀਅਲ ਸਰਵਿਸਜ਼ ਯੂਨੀਅਨ<br>ਇੰਪ:ਫੈਡਰੇਸ਼ਨ (ਭਾਰਦਵਾਜ)<br>ਬਿਜਲੀ ਮਜ਼ਦੂਰ ਸੰਘ<br>ਵਰਕਰਜ ਫੈਡਰੇਸ਼ਨ (ਇੰਟਕ) | 20-2-2013 ਅਤੇ 21-2-2013 ਨੂੰ ਦੇਸ਼ ਵਿਆਪੀ ਹੜਤਾਲ |
| 2. i)<br>ii) | ਟੈਕਨੀਕਲ ਸਰਵਿਸਜ਼ ਯੂਨੀਅਨ (ਸੇਖੋਂ)<br>ਇੰਪ:ਫੈਡਰੇਸ਼ਨ ਏਟਕ ਪੰਜਾਬ | 14-2-13 ਤੋਂ 19-2-13 ਤੱਕ ਸ/ਡ ਪੱਧਰ ਤੇ ਰੋਸ ਰੈਲੀਆਂ।<br>20-2-2013 ਅਤੇ 21-2-2013 ਨੂੰ ਦੋ ਰੋਜ਼ਾ ਹੜਤਾਲ।<br>25-1-13 ਤੋਂ 9-2-13 ਤੱਕ ਸਰਕਲ ਪੱਧਰ ਕਨਵੈਨਸ਼ਨਾਂ।<br>10-2-13 ਤੋਂ 18-2-13 ਤੱਕ ਡਵੀਜ਼ਨ ਪੱਧਰ ਜਾਗਰੂਕ ਰੈਲੀਆਂ।<br>20-2-2013 ਅਤੇ 21-2-2013 ਨੂੰ ਦੋ ਰੋਜ਼ਾ ਹੜਤਾਲ। |

ਉਪਰੋਕਤ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ ਇਹ ਜਰੂਰੀ ਹੈ ਕਿ ਮਿਤੀ 20-2-13 ਅਤੇ 21-2-13 ਦੀ ਹੜਤਾਲ ਦੌਰਾਨ ਬਿਜਲੀ ਦੀ ਸਪਲਾਈ ਅਤੇ ਹੋਰ ਦੂਸਰੇ ਕਾਰਜਾਂ ਦੇ ਪ੍ਰਬੰਧ ਨੂੰ ਯਕੀਨੀ ਬਨਾਉਣ ਲਈ ਹੇਠ ਅਨੁਸਾਰ ਲੋੜੀਂਦੀ ਕਾਰਵਾਈ ਕੀਤੀ ਜਾਵੇ:-

1. ਮੁੱਖ ਇੰਜੀਨੀਅਰ ਪੱਧਰ,ਸਰਕਲ ਪੱਧਰ ਅਤੇ ਮੰਡਲ ਪੱਧਰ ਤੇ ਕੰਟਰੋਲ ਰੂਮ ਸਥਾਪਤ ਕੀਤੇ ਜਾਣ ਜਿਹੜੇ ਦਿਨ ਰਾਤ ਕੰਮ ਕਰਨ।
2. ਸਾਰੇ ਮੁਲਾਜ਼ਮਾਂ ਨੂੰ ਸਦਰ ਮੁਕਾਮ ਤੇ ਰਹਿਣਾ ਚਾਹੀਦਾ ਹੈ ਅਤੇ ਸਮਰੱਥ ਅਧਿਕਾਰੀ ਦੀ ਪ੍ਰਵਾਨਗੀ ਤੋਂ ਬਿਨਾਂ ਹੈਡ ਕੁਆਟਰ ਨਾਂ ਛੱਡਿਆ ਜਾਵੇ।ਜੇਕਰ ਕੋਈ ਕਰਮਚਾਰੀ ਮੁੱਖ ਦਫਤਰ ਜਾਂ ਆਪਣੇ ਉੱਚ ਦਫਤਰ ਜਾਣਾ ਚਾਹੁੰਦਾ ਹੈ ਤਾਂ ਆਪਣੇ ਕੰਟਰੋਲਿੰਗ ਅਧਿਕਾਰੀ ਦੀ ਪ੍ਰਵਾਨਗੀ ਲੈਕੇ ਜਾਵੇ ਅਤੇ ਹੈਡ ਆਫਿਸ ਆਪਣਾ ਸ਼ਨਾਖਤੀ ਕਾਰਡ ਲੈਕੇ ਆਵੇ।
3. ਕੋਈ ਵੀ ਦਫਤਰ ਬੰਦ ਨਾਂ ਰੱਖਿਆ ਜਾਵੇ ਅਤੇ ਕੈਸ਼ ਕਾਊਂਟਰ ਖੋਲੇ ਜਾਣ।
4. ਵਫਾਦਾਰ ਅਧਿਕਾਰੀਆਂ/ਕਰਮਚਾਰੀਆਂ ਵਲੋਂ ਨਿਰਵਿਘਨ ਡਿਊਟੀ ਨਿਭਾਉਣ ਵਿਚ ਜੇਕਰ ਹੜਤਾਲਕਾਰ ਕੋਈ ਹੁਲੜਬਾਜੀ ਕਰਦੇ ਹਨ ਤਾਂ ਤੁਰੰਤ ਲੋਕਲ ਪੁਲਿਸ ਦੀ ਮਦਦ ਲਈ ਜਾਵੇ।
5. ਹੜਤਾਲ/ਧਰਨੇ ਵਾਲੇ ਦਿਨਾਂ ਦੀ ਕਰਮਚਾਰੀਆਂ ਨੂੰ ਸਿਵਾਏ ਮੈਡੀਕਲ ਅਧਾਰ ਤੇ ਕੋਈ ਛੁੱਟੀ ਨਾਂ ਦਿੱਤੀ ਜਾਵੇ।
6. ਜਿਹੜਾ ਕਰਮਚਾਰੀ ਹੜਤਾਲ/ਧਰਨੇ/ਰੈਲੀਆਂ/ਘਿਰਾਓ ਵਿਚ ਭਾਗ ਲੈਂਦਾ ਹੈ ਜਾਂ ਉਸ ਸਮੇਂ ਦੌਰਾਨ ਡਿਊਟੀ ਤੇ ਹਾਜਰ ਨਹੀਂ ਰਹਿੰਦਾ ਉਸਦੀ ਗੈਰ ਹਾਜ਼ਰੀ ਲਗਾਈ ਜਾਵੇ ਅਤੇ **"ਕੰਮ ਨਹੀਂ ਤਨਖਾਹ ਨਹੀਂ"**ਦੇ ਸਿਧਾਂਤ ਤਹਿਤ ਉਸ ਸਮੇਂ ਦੀ ਤਨਖਾਹ ਦੀ ਅਦਾਇਗੀ ਨਾਂ ਕੀਤੀ ਜਾਵੇ ਅਤੇ ਬਰੇਕ ਇਨ ਸਰਵਿਸ ਪਾਕੇ ਉਸਦਾ ਇੰਦਰਾਜ਼ ਹੜਤਾਲੀ ਕਰਮਚਾਰੀ ਦੀ ਸਰਵਿਸ ਬੁੱਕ ਵਿਚ ਵੀ ਕੀਤਾ ਜਾਵੇ। ਜਿਹੜਾ ਕਰਮਚਾਰੀ ਹੜਤਾਲ ਵਾਲੇ ਦਿਨ 2 ਘੰਟੇ ਵੀ ਗੈਰ ਹਾਜ਼ਰ ਰਹਿੰਦਾਂ ਹੈ ਤਾਂ ਉਹ ਉਸ ਦਿਨ ਤਨਖਾਹ ਦੀ ਅਦਾਇਗੀ ਦਾ ਹੱਕਦਾਰ ਨਹੀਂ ਹੋਵੇਗਾ।
7. ਹੜਤਾਲੀ ਕਰਮਚਾਰੀ ਆਪਣੀ ਪਿਛਲੀ ਸੇਵਾ ਤੋਂ ਵਾਂਝਾ ਹੋ ਜਾਵੇਗਾ ਅਤੇ ਉਸਦੀ ਤਰੱਕੀ ਉਪਰ ਰੋਕ ਲੱਗ ਜਾਵੇਗੀ।

8. ਪਾਵਰਕਾਮ ਆਪਣੇ ਖਪਤਕਾਰਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਦੇਣ ਲਈ ਵਚਨਬੱਧ ਹੈ ਅਤੇ ਹੜਤਾਲਾਂ ਧਰਨੇ/ਘਿਰਾਉ ਆਦਿ ਕਰਨਾ ਇੱਕ ਅਨਫੇਅਰ ਲੇਬਰ ਪ੍ਰੈਕਟਿਸ ਹੈ ਇਸ ਲਈ Industrial Dispute Act. 1947 ਦੀ ਧਾਰਾ 25 ਯੂ ਤਹਿਤ ਘੇਰਾਉ ਆਦਿ ਕਰਨ ਵਾਲੇ ਕਾਮੇ ਨੂੰ 6 ਮਹੀਨੇ ਤੱਕ ਦੀ ਕੈਦ ਜਾਂ 1000 ਰੁਪਏ ਜੁਰਮਾਨਾ ਜਾਂ ਦੋਵੇਂ ਸਜ਼ਾਵਾਂ ਹੋ ਸਕਦੀਆ ਹਨ। ਮਾਨਯੋਗ ਸਰਬਉੱਚ ਅਦਾਲਤ ਦੇ ਹੁਕਮਾਂ ਅਨੁਸਾਰ ਅਜਿਹੇ ਕੰਮ ਵਿਚ ਵਿਘਨ ਪਾਉਣ ਵਾਲੇ ਕਾਮਿਆਂ ਨੂੰ ਨੌਕਰੀ ਤੋਂ ਬਰਖਾਸਤ ਵੀ ਕੀਤਾ ਜਾ ਸਕਦਾ ਹੈ।

9. ਬੋਰਡ ਅੰਦਰ ਕੰਮ ਕਰਦੇ ਸਾਰੇ ਮੁਲਾਜ਼ਮਾਂ ਤੇ ਪੰਜਾਬ ਸਰਕਾਰ ਦੀ ਨੋਟੀਫਿਕੇਸ਼ਨ ਮਿਤੀ 26-6-2002 ਅਨੁਸਾਰ ਐਸਮਾ-1947 ਲਾਗੂ ਹੈ ਜਿਸਦੇ ਤਹਿਤ 3 ਸਾਲ ਤੱਕ ਦੀ ਸਜ਼ਾ ਅਤੇ ਜੁਰਮਾਨਾ ਹੋ ਸਕਦਾ ਹੈ।

10. ਜਿਹੜੇ ਕਰਮਚਾਰੀ ਸਾਲ 2012/13 ਦੌਰਾਨ ਰਿਟਾਇਰ ਹੋ ਰਹੇ ਹਨ ਜੇਕਰ ਉਹ ਹੜਤਾਲ ਵਿਚ ਹਿੱਸਾ ਲੈਂਦੇ ਹਨ ਉਹਨਾਂ ਦੇ ਸਾਰੇ ਪੈਨਸ਼ਨਰੀ ਲਾਭ ਰੁੱਕ ਜਾਣਗੇ।

11. ਬੋਰਡ ਵਲੋਂ ਠੇਕੇ ਤੇ ਭਰਤੀ ਕੀਤੇ,ਵਰਕਚਾਰਜ,ਡੇਲੀਵੇਜ਼ ਅਤੇ ਕੰਟੀਜੈਂਟ ਕਾਮੇ ਜੇਕਰ ਹੜਤਾਲ ਵਿਚ ਹਿੱਸਾ ਲੈਂਦੇ ਹਨ ਉਨਾਂ ਦੀਆਂ ਸੇਵਾਵਾਂ ਬਰਖਾਸਤ ਕੀਤੀਆਂ ਜਾ ਸਕਦੀਆਂ ਹਨ ਅਤੇ ਪਦਉਨਤ ਹੋਏ ਜਿਹੜੇ ਅਧਿਕਾਰੀ/ਕਰਮਚਾਰੀ ਅਜੇ ਪ੍ਰੋਬੇਸ਼ਨ ਅਧੀਨ ਹਨ ਉਹਨਾਂ ਦੀਆਂ ਤਰੱਕੀਆਂ ਰੱਦ ਕੀਤੀਆਂ ਜਾ ਸਕਦੀਆਂ ਹਨ।

12. ਹੜਤਾਲ ਦੇ ਦਿਨ ਦੌਰਾਨ ਬਿਜਲੀ ਦੀ ਸਪਲਾਈ ਅਤੇ ਹੋਰ ਜ਼ਰੂਰੀ ਕਾਰਜਾਂ ਦੀਆਂ ਸੂਚਨਾਵਾਂ ਦੇ ਅਦਾਨ ਪ੍ਰਦਾਨ ਲਈ ਉਪ ਸਕੱਤਰ/ਜਨਰਲ ਦੀ ਦੇਖ-ਰੇਖ ਹੇਠ ਹੈਡ ਆਫਿਸ ਪਟਿਆਲਾ ਵਿਖੇ ਪਹਿਲਾਂ ਦੀ ਤਰਾਂ ਇੱਕ ਕੇਂਦਰੀ ਕੰਟਰੋਲ ਰੂਮ ਵੀ ਸਥਾਪਤ ਕੀਤਾ ਜਾਵੇਗਾ ਜਿਹੜਾ ਰਾਉਂਡ ਦਾ ਕਲਾਕ ਕੰਮ ਕਰੇਗਾ। ਇਸ ਕੰਟਰੋਲ ਰੂਮ ਦੇ ਟੈਲੀਫੂਨ ਨੰ: 0175-2220853 ਜਾਂ 854 ਅਤੇ 0175-2216424 ਹੋਣਗੇ।

**ਉਪਰੋਕਤ ਹਦਾਇਤਾਂ ਨੂੰ ਆਪਜੀ ਦੀ ਸੰਸਥਾ ਅਧੀਨ ਦਫਤਰਾਂ ਦੇ ਸਾਰੇ ਮੁਲਾਜ਼ਮਾਂ ਦੇ ਧਿਆਨ ਵਿਚ ਲਿਆ ਦਿੱਤਾ ਜਾਵੇ ਅਤੇ ਸਖਤੀ ਨਾਲ ਪਾਲਣਾ ਨੂੰ ਯਕੀਨੀ ਬਣਾਇਆ ਜਾਵੇ।**

ਮੁੱਖ / ਪ੍ਰਬੰਧਕੀ,
ਪੀਐਸਪੀਸੀਐਲ,ਪਟਿਆਲਾ।

ਪਿੱਠ ਅੰਕਣ ਨੰ: 1871/1920 /ਭਭ-1-422 ਮਿਤੀ : 12-2-13

ਉਪਰੋਕਤ ਦਾ ਉਤਾਰਾ ਨਿਮਨ ਦਰਸਾਏ ਅਧਿਕਾਰੀਆਂ ਨੂੰ ਸੂਚਨਾਂ ਅਤੇ ਅਗਲੇਰੀ ਜਰੂਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ :-

1. ਏ.ਡੀ.ਜੀ.ਪੀ./ਵੀ. ਤੇ ਐਸ., ਪੀਐਸਪੀਸੀਐਲ,ਪਟਿਆਲਾ।
2. ਮੁੱਖ ਪੜਤਾਲਕਾਰ, ਪੀਐਸਪੀਸੀਐਲ,ਪਟਿਆਲਾ।
3. ਮੁੱਖ ਲੇਖਾ ਅਫਸਰ, ਪੀਐਸਪੀਸੀਐਲ,ਪਟਿਆਲਾ।
4. ਵਿਤ ਸਲਾਹਕਾਰ, ਪੀਐਸਪੀਸੀਐਲ,ਪਟਿਆਲਾ।
5. ਕਾਨੂੰਨੀ ਸਲਾਹਕਾਰ, ਪੀਐਸਪੀਸੀਐਲ,ਪਟਿਆਲਾ।
6. ਸਾਰੇ ਸੰਯੁਕਤ ਸਕੱਤਰ/ਉਪ ਸਕੱਤਰ/ਅਧੀਨ ਸਕੱਤਰ, ਸਾਰੇ ਸ਼ਾਖ਼ਾ ਅਫਸਰ, ਭਾਗਾਂ ਦੇ ਮੁੱਖੀ (ਕਾਰਪੋਰੇਸ਼ਨ ਵਿੱਚ ਸਦਰ ਮੁਕਾਮ ਦਫਤਰਾਂ ਵਿੱਚ) ਉਪ ਸਕੱਤਰ ਟੂ ਸੀਐਮਡੀ/ਨਿੱਜੀ ਸਕੱਤਰ ਟੂ ਡਾਇਰੈਕਟਰਜ਼।

ਉਪ ਸਕੱਤਰ / ਸ਼ਿਕਾ: ਤੇ ਭਲਾਈ,
ਪੀਐਸਪੀਸੀਐਲ,ਪਟਿਆਲਾ।

ਸੀਸੀ

ਨਿਗ:ਇੰਜ:/ਆਈ.ਟੀ.,ਪੀਐਸਪੀਸੀਐਲ,ਹਦਾਇਤਾਂ ਵੈਬਸਾਈਟ ਤੇ ਪਾਉਣ ਹਿਤ।

ਨੋਟ:- ਹੜਤਾਲ ਵਿਚ ਹਿੱਸਾ ਲੈਣ ਵਾਲੇ ਅਧਿਕਾਰੀਆਂ/ਕਰਮਚਾਰੀਆਂ ਦੀ ਸੂਚਨਾ ਹੇਠਾਂ ਦਿੱਤੇ ਨਿਰਧਾਰਤ ਪ੍ਰੋਫਾਰਮੇ ਤੇ ਮੁੱਖ ਦਫਤਰ ਨਾਲ ਸਬੰਧਤ ਮੁੱਖ ਆਈ.ਆਰ.ਤੇ ਭਲਾਈ,ਪਟਿਆਲਾ ਨੂੰ ਭੇਜੀ ਜਾਵੇ ਅਤੇ ਖੇਤਰੀ ਦਫਤਰਾਂ ਨਾਲ ਸਬੰਧਤ ਸੂਚਨਾ ਕੇਂਦਰੀ ਕੰਟਰੋਲ ਰੂਮ ਪਟਿਆਲਾ ਨੂੰ ਭੇਜੀ ਜਾਵੇ ਜੀ।

| Sr.No | Name of the Organization | Posted Strength | Vacant | Present | On Leave | On Strike | %age of Strike |
|---|---|---|---|---|---|---|---|
| | | | | | | | |